# TODAY'S HUKAMNAMA FROM SRI DARBAR SAHIB, Sri Amritsar.

## [June 26th, 2024 – Wednesday - 04:30 AM. IST]

ਰਾਮਕਲੀ ਮਹਲਾ ੫ ॥

ਰਾਖਨਹਾਰ ਦਇਆਲ ॥ ਕੋਟਿ ਭਵ ਖੰਡੇ ਨਿਮਖ ਖਿਆਲ ॥ ਸਗਲ ਅਰਾਧਹਿ ਜੰਤ ॥ ਮਿਲੀਐ ਪ੍ਰਭ ਗੁਰ ਮਿਲਿ ਮੰਤ ॥੧॥ ਜੀਅਨ ਕੋ ਦਾਤਾ ਮੇਰਾ ਪ੍ਰਭੁ ॥ ਪੂਰਨ ਪਰਮੇਸਰੁ ਸੁਆਮੀ ਘਟਿ ਘਟਿ ਰਾਤਾ ਮੇਰਾ ਪ੍ਰਭੁ ॥੧॥ ਰਹਾਉ ॥ ਤਾ ਕੀ ਗਹੀ ਮਨ ਓਟ ॥ ਬੰਧਨ ਤੇ ਹੋਈ ਛੋਟ ॥ ਹਿਰਦੈ ਜਪਿ ਪਰਮਾਨੰਦ ॥ ਮਨ ਮਾਹਿ ਭਏ ਅਨੰਦ ॥੨॥ ਤਾਰਣ ਤਰਣ ਹਰਿ ਸਰਣ ॥ ਜੀਵਨ ਰੂਪ ਹਰਿ ਚਰਣ ॥ ਸੰਤਨ ਕੇ ਪ੍ਰਾਣ ਅਧਾਰ ॥ ਊਚੇ ਤੇ ਊਚ ਅਪਾਰ ॥੩॥ ਸੁ ਮਤਿ ਸਾਰੁ ਜਿਤੁ ਹਰਿ ਸਿਮਰੀਜੈ ॥ ਕਰਿ ਕਿਰਪਾ ਜਿਸੁ ਆਪੇ ਦੀਜੈ ॥ ਸੂਖ ਸਹਜ ਆਨੰਦ ਹਰਿ ਨਾਉ ॥ ਨਾਨਕ ਜਪਿਆ ਗੁਰ ਮਿਲਿ ਨਾਉ ॥੪॥੨੭॥੩੮॥

ਬੁੱਧਵਾਰ, ੧੩ ਹਾੜ (ਸੰਮਤ ੫੫੬ ਨਾਨਕਸ਼ਾਹੀ) ੨੬ ਜੂਨ, ੨੦੨੪ (ਅੰਗ: ੮੯੪)

<u>ਪੰਜਾਬੀ ਵਿਆਖਿਆ</u>:

ਰਾਮਕਲੀ ਮਹਲਾ ੫ ॥

ਹੇ ਭਾਈ! ਪਰਮਾਤਮਾ ਸਭ ਜੀਵਾਂ ਦੀ ਰੱਖਿਆ ਕਰਨ ਦੇ ਸਮਰੱਥ ਹੈ, ਦਇਆ ਦਾ ਸੋਮਾ ਹੈ । ਜੇ ਅੱਖ ਫਰਕਣ ਜਿਤਨੇ ਸਮੇ ਵਾਸਤੇ ਭੀ ਉਸ ਦਾ ਧਿਆਨ ਧਰੀਏ, ਤਾਂ ਕ੍ਰੋੜਾਂ ਜਨਮ ਦੇ ਗੇੜ ਕੱਟੇ ਜਾਂਦੇ ਹਨ । ਸਾਰੇ ਜੀਵ ਉਸੇ ਦਾ ਆਰਾਧਨ ਕਰਦੇ ਹਨ । ਹੇ ਭਾਈ! ਗੁਰੂ ਨੂੰ ਮਿਲ ਕੇ, ਗੁਰੂ ਦਾ ਉਪਦੇਸ਼ ਲੈ ਕੇ ਉਸ ਪ੍ਰਭੂ ਨੂੰ ਮਿਲ ਸਕੀਦਾ ਹੈ ।੧। ਹੇ ਭਾਈ! ਮੇਰਾ ਪ੍ਰਭੂ ਸਭ ਜੀਆਂ ਨੂੰ ਦਾਤਾਂ ਦੇਣ ਵਾਲਾ ਹੈ । ਉਹ ਮੇਰਾ ਮਾਲਕ ਪਰਮੇਸਰ ਪ੍ਰਭੂ ਸਭ ਵਿਚ ਵਿਆਪਕ ਹੈ, ਹਰੇਕ ਸਰੀਰ ਵਿਚ ਰਮਿਆ ਹੋਇਆ ਹੈ ।੧।ਰਹਾਉ। ਹੇ ਮਨ! ਜਿਸ ਮਨੁੱਖ ਨੇ ਉਸ ਪਰਮਾਤਮਾ ਦਾ ਆਸਰਾ ਲੈ ਲਿਆ, (ਮਾਇਆ ਦੇ ਮੋਹ ਦੇ) ਬੰਧਨਾਂ ਤੋਂ ਉਸ ਦੀ ਖ਼ਲਾਸੀ ਹੋ ਗਈ । ਸਭ ਤੋਂ ਉੱਚੇ ਸੁਖ ਦੇ ਮਾਲਕ ਪ੍ਰਭੂ ਨੂੰ ਹਿਰਦੇ ਵਿਚ ਜਪ ਕੇ ਮਨ ਵਿਚ ਖ਼ੁਸ਼ੀਆਂ ਹੀ ਖ਼ੁਸ਼ੀਆਂ ਬਣ ਜਾਂਦੀਆਂ ਹਨ ।੨। ਹੇ ਭਾਈ! ਪਰਮਾਤਮਾ ਦਾ ਆਸਰਾ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਲਈ ਜਹਾਜ਼ ਹੈ । ਪ੍ਰਭੂ ਦੇ ਚਰਨਾਂ ਦੀ ਓਟ ਆਤਮਕ ਜੀਵਨ ਦੇਣ ਵਾਲੀ ਹੈ । ਪਰਮਾਤਮਾ ਸੰਤ ਜਨਾਂ ਦੀ ਜਿੰਦ ਦਾ ਆਸਰਾ ਹੈ, ਉਹ ਸਭਨਾਂ ਤੋਂ ਉੱਚਾ ਤੇ ਬੇਅੰਤ ਹੈ ।੩। ਹੇ ਭਾਈ! ਉਹ ਮਤਿ ਗ੍ਰਹਿਣ ਕਰ, ਜਿਸ ਦੀ ਰਾਹੀਂ ਪਰਮਾਤਮਾ ਦਾ ਸਿਮਰਨ ਕੀਤਾ ਜਾ ਸਕੇ, (ਪਰ ਉਹੀ ਮਨੁੱਖ ਅਜਿਹੀ ਮਤਿ ਗ੍ਰਹਿਣ ਕਰਦਾ ਹੈ) ਜਿਸ ਨੂੰ ਪ੍ਰਭੂ ਕਿਰਪਾ ਕਰ ਕੇ ਆਪ ਹੀ ਦੇਂਦਾ ਹੈ । ਪਰਮਾਤਮਾ ਦਾ ਨਾਮ ਸੁਖ ਆਤਮਕ ਅਡੋਲਤਾ ਤੇ ਆਨੰਦ (ਦਾ ਸੋਮਾ ਹੈ) । ਹੇ ਨਾਨਕ! (ਜਿਸ ਨੇ) ਇਹ ਨਾਮ (ਜਪਿਆ ਹੈ) ਗੁਰੂ ਨੂੰ ਮਿਲ ਕੇ ਹੀ ਜਪਿਆ ਹੈ ।੪।੨੭।੩੮।

**<u>English Translation</u>:**

**RAAMKALEE, FIFTH MEHL:**

The Savior Lord is merciful. Millions of incarnations are eradicated in an instant, contemplating the Lord. All beings worship and adore Him. Receiving the Guru's Mantra, one meets God. || 1 || My God is the Giver of souls. The Perfect Transcendent Lord Master, my God, imbues each and every heart. || 1 || Pause || My mind has grasped His Support. My bonds have been shattered. Within my heart, I meditate on the Lord, the embodiment of supreme bliss. My mind is filled with ecstasy. || 2 || The Lord's Sanctuary is the boat to carry us across. The Lord's Feet are the embodiment of life itself. They are the Support of the breath of life of the Saints. God is infinite, the highest of the high. || 3 || That mind is excellent and sublime, which meditates in remembrance on the Lord. In His Mercy, the Lord Himself bestows it. Peace, intuitive poise and bliss are found in the Lord's Name. Meeting with the Guru, Nanak chants the Name. || 4 || 27 || 38 ||

**Wednesday, 13th Assaar (Samvat 556 Nanakshahi) 26th June, 2024 (Page: 894)**